ਭੈਰਉ ਮਹਲਾ ੫ ॥ਜੀਉ ਪ੍ਰਾਣ ਜਿਨਿ ਰਚਿਓ ਸਰੀਰ ॥ ਜਿਨਹਿਉਪਾਏ ਤਿਸ ਕਉ ਪੀਰ ॥੧॥ਗੁਰੁ ਗੋਬਿੰਦੁ ਜੀਅ ਕੈ ਕਾਮ ॥ ਹਲਤਿ ਪਲਤਿ ਜਾ ਕੀ ਸਦ ਛਾਮ ॥ ੧॥ ਰਹਾਉ ॥ ਪ੍ਰਭੁ ਆਰਾਧਨ ਨਿਰਮਲ ਰੀਤਿ ॥ ਸਾਧਸੰਗਿ ਬਿਨਸੀ ਬਿਪਰੀਤਿ ॥੨॥ਮੀਤ ਹੀਤ ਧਨੁ ਨਹ ਪਾਰਣਾ ॥ ਧੰਨਿ ਧੰਨਿ ਮੇਰੇ ਨਾਰਾਇਣਾ ॥੩॥ਨਾਨਕੁ ਬੋਲੈ ਅੰਮ੍ਰਿਤ ਬਾਣੀ ॥ ਏਕ ਬਿਨਾ ਦੂਜਾ ਨਹੀ ਜਾਣੀ ॥੪॥੬॥ {ਪੰਨਾ 1137}

ਪਦਅਰਥ:- ਜੀਉ—ਜਿੰਦ। ਜਿਨਿ—ਜਿਸ (ਪਰਮਾਤਮਾ) ਨੇ। ਰਚਿਓ—ਬਣਾਇਆ ਹੈ। ਜਿਨਹਿ—ਜਿਨਿ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਨਿ' ਦੀ (ਿ) ਉੱਡ ਗਈ ਹੈ}। ਤਿਸ ਕਉ—{ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਪੀਰ—ਦਰਦ-ਸਨੇਹ।1।

ਜੀਅ ਕੈ ਕਾਮ—ਜਿੰਦ ਦੇ ਕੰਮ, ਜਿੰਦ ਵਾਸਤੇ ਲਾਭਦਾਇਕ। ਹਲਤਿ—ਇਸ ਲੋਕ ਵਿਚ। ਪਲਤਿ—ਪਰਲੋਕ ਵਿਚ। ਜਾ ਕੀ—ਜਿਸ (ਪਰਮਾਤਮਾ) ਦੀ। ਸਦ—ਸਦਾ। ਛਾਮ—ਛਾਂ, ਸਾਮ, ਆਸਰਾ।1। ਰਹਾਉ।

ਰੀਤਿ—ਜੀਵਨ-ਮਰਯਾਦਾ, ਜੀਵਨ-ਜੁਗਤਿ। ਨਿਰਮਲ—ਪਵਿੱਤਰ। ਸੰਗਿ—ਸੰਗਤਿ ਵਿਚ। ਬਿਨਸੀ—ਨਾਸ ਹੋ ਜਾਂਦੀ ਹੈ। ਬਿਪਰੀਤਿ—(ਸਿਮਰਨ ਤੋਂ) ਉਲਟੀ ਜੀਵਨ-ਜੁਗਤਿ।2।

ਹੀਤ—ਹਿਤੂ, ਸਨੇਹੀ। ਪਾਰਣਾ—ਪਰਨਾ, ਆਸਰਾ। ਧੰਨਿ—ਸਲਾਹੁਣ-ਜੋਗ। ਨਾਰਾਇਣਾ—ਹੇ ਨਾਰਾਇਣ! ਹੇ ਪਰਮਾਤਮਾ!।3।

ਨਾਨਕੁ ਬੋਲੈ—ਨਾਨਕ ਬੋਲਦਾ ਹੈ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ। ਜਾਣੀ—ਜਾਣਿ।4।

ਅਰਥ:- ਹੇ ਭਾਈ! ਜਿਸ (ਗੁਰੂ) ਦਾ ਜਿਸ (ਗੋਬਿੰਦ) ਦਾ ਇਸ ਲੋਕ ਵਿਚ ਅਤੇ ਪਰਲੋਕ ਵਿਚ ਸਦਾ (ਮਨੁੱਖ ਨੂੰ) ਆਸਰਾ ਹੈ, ਉਹ ਗੁਰੂ (ਹੀ) ਉਹ ਗੋਬਿੰਦ (ਹੀ) ਜਿੰਦ ਦੀ ਸਹਾਇਤਾ ਕਰਨ ਵਾਲਾ ਹੈ।1। ਰਹਾਉ।

ਹੇ ਭਾਈ! ਜਿਸ (ਪਰਮਾਤਮਾ) ਨੇ ਜਿੰਦ ਪ੍ਰਾਣ (ਦੇ ਕੇ ਜੀਵਾਂ ਦੇ) ਸਰੀਰ ਰਚੇ ਹਨ, ਹੇ ਭਾਈ! ਜਿਸ ਪਰਮਾਤਮਾ ਨੇ ਜੀਵ ਪੈਦਾ ਕੀਤੇ ਹਨ, ਉਸ ਨੂੰ ਹੀ (ਜੀਵਾਂ ਦਾ) ਦਰਦ ਹੈ।1।

ਹੇ ਭਾਈ! ਉਸ ਪਰਮਾਤਮਾ ਨੂੰ ਸਿਮਰਨਾ ਹੀ ਪਵਿੱਤਰ ਜੀਵਨ-ਜੁਗਤਿ ਹੈ (ਇਹ ਜੀਵਨ-ਜੁਗਤਿ ਸਾਧ ਸੰਗਤਿ ਵਿਚ ਪ੍ਰਾਪਤ ਹੁੰਦੀ ਹੈ)। ਹੇ ਭਾਈ! ਸਾਧ ਸੰਗਤਿ ਵਿਚ ਰਹਿ ਕੇ (ਸਿਮਰਨ ਤੋਂ) ਉਲਟੀ ਜੀਵਨ-ਜੁਗਤਿ ਨਾਸ ਹੋ ਜਾਂਦੀ ਹੈ (ਭਾਵ, ਸਿਮਰਨ ਨਾਹ ਕਰਨ ਦੀ ਮਾੜੀ ਵਾਦੀ ਖ਼ਤਮ ਹੋ ਜਾਂਦੀ ਹੈ)।2।

ਹੇ ਭਾਈ! ਮਿੱਤਰ, ਹਿਤੂ, ਧਨ—ਇਹ (ਮਨੁੱਖ ਦੀ ਜਿੰਦ ਦਾ) ਸਹਾਰਾ ਨਹੀਂ ਹਨ। ਹੇ ਮੇਰੇ ਪਰਮਾਤਮਾ! (ਤੂੰ ਹੀ ਅਸਾਂ ਜੀਵਾਂ ਦਾ ਆਸਰਾ ਹੈਂ) ਤੂੰ ਹੀ ਸਲਾਹੁਣ-ਜੋਗ ਹੈਂ, ਤੂੰ ਹੀ ਸਲਾਹੁਣ-ਜੋਗ ਹੈਂ।3।

ਹੇ ਭਾਈ! ਨਾਨਕ ਆਤਮਕ ਜੀਵਨ ਦੇਣ ਵਾਲਾ (ਇਹ) ਬਚਨ ਆਖਦਾ ਹੈ ਕਿ ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ (ਜ਼ਿੰਦਗੀ ਦਾ ਸਹਾਰਾ) ਨਾਹ ਸਮਝੀਂ।4।6।